ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ: 1, ਭਵਨ ਤੇ ਮਾਰਗ ਸ਼ਾਖਾ, ਪਟਿਆਲਾ
ਈ-ਮੇਲ eepd1ptapwdpb@gmail.com Ph. No. 0175-2356435

ਵੱਲ

Principal,
Sri Guru Tegh Bahadur Public School,
Tripri Road, Patiala.

ਮੀਮੋ ਨੰਬਰ- 10727 ਮਿਤੀ-2./12/2021

ਵਿਸ਼ਾ- ਸਕੂਲ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ- ਆਪ ਦੇ ਸਕੂਲ ਦਾ ਕੇਸ ਨੰ. SGTBPS/3038 ਮਿਤੀ- 26.11.2021 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੇ ਸਬੰਧ ਵਿਚ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰਬਰ 2, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਵਲੋਂ ਮੁਆਇਨਾ ਕੀਤਾ ਗਿਆ। ਬਿਲਡਿੰਗ ਦੇਖਣ ਨੂੰ ਸੁਰੱਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣਯੋਗ ਹੈ। ਇਸ ਲਈ ਆਪ ਨੂੰ ਇਹ ਸਕੂਲ ਸੇਫਟੀ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਮਿਤੀ 31.03.2026 ਤੱਕ ਵੈਲਿਡ ਰਹੇਗਾ।

***ਸ਼ਰਤਾਂ:-***

1. ਇਸ ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 07.10.2022 ਤੱਕ ਵੈਲਿਡ ਹੈ, ਇਹ ਸਕੂਲ ਸੇਫਟੀ ਸਰਟੀਫਿਕੇਟ 31.03.2026 ਤੱਕ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਸਕੂਲ ਵੱਲੋਂ ਫਾਇਰ ਸਰਟੀਫਿਕੇਟ ਨਿਸ਼ਚਿਤ ਮਿਤੀ ਤੋਂ ਪਹਿਲਾਂ ਸਮੇਂ ਸਿਰ ਰਿਨੀਊ ਕਰਵਾਉਣਾ ਹੋਵੇਗਾ। ਜੇਕਰ ਫਾਇਰ ਸਰਟੀਫਿਕੇਟ ਰਿਨੀਊ ਨਹੀਂ ਕਰਵਾਇਆ ਜਾਂਦਾ ਤਾਂ ਸਕੂਲ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਸਕੂਲ ਬਿਲਡਿੰਗ ਤੱਕ ਰਸਤਾ ਜੇਕਰ ਲਿਆ ਜਾਂਦਾ ਹੈ ਤਾਂ ਇਸ ਦੀ ਪ੍ਰੋਪਰ ਮੰਨਜੂਰੀ ਸਬੰਧਤ ਵਿਭਾਗ ਤੋ ਲੈਣੀ ਯਕੀਨੀ ਬਣਾਈ ਜਾਵੇ।
3. ਸੜਕ ਤੋ ਸਕੂਲ ਤੱਕ ਅਤੇ ਸੜਕ ਕਰੋਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਉਣੇ ਯਕੀਨੀ ਬਣਾਇਆ ਜਾਵੇ।
4. ਪਾਰਕਿੰਗ ਲਈ ਇੰਤਜਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀ ਆਉਣੀ ਚਾਹੀਦੀ।
5. ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋ ਜਾਰੀ ਸਕੂਲ ਬੱਸਾਂ ਵਿੱਚ ਸੁਰਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
6. ਇਹ ਸਰਟੀਫਿਕੇਟ ਜਾਰੀ ਹੋਣ ਤੋ ਬਾਅਦ ਸਕੂਲ ਪ੍ਰਸ਼ਾਸਨ ਵੱਲੋਂ ਸਮੇਂ ਸਮੇਂ ਤੇ ਕਿਸੇ ਸੀਨੀਅਰ ਸਟਰਕਚਰ ਇੰਜੀਨੀਅਰ ਪਾਸੋ ਰੈਗੂਲਰ ਤੌਰ ਤੇ ਇੰਸਪੈਕਸ਼ਨ ਕਰਵਾਈ ਜਾਵੇਗੀ। ਜੇਕਰ ਕਿਸੇ ਵੀ ਸਮੇਂ ਬਿਲਡਿੰਗ ਦੀ ਦੀਵਾਰ/ਛੱਤ/ਕਾਲਮ ਆਦਿ ਵਿੱਚ ਕੋਈ ਤਰੇੜ ਨਜ਼ਰ ਆਉਂਦੀ ਹੈ ਤਾਂ ਸਟਰਕਚਰ ਇੰਜੀਨੀਅਰ ਦੀ ਮਦਦ ਨਾਲ ਬਿਨਾਂ ਕਿਸੇ ਦੇਰੀ ਤੋ ਲੋੜੀਦੀ ਮੁਰੰਮਤ ਕਰਵਾਈ ਜਾਵੇਗੀ ਅਤੇ ਇਸ ਵਿਭਾਗ ਨੂੰ ਸੂਚਿਤ ਕਰਨ ਲਈ ਸਕੂਲ ਪ੍ਰਸ਼ਾਸਨ ਪਾਬੰਦ ਹੋਵੇਗਾ ਅਤੇ ਜੇਕਰ ਬਿਲਡਿੰਗ ਵਿੱਚ ਕੋਈ ਵਾਧਾ ਕੀਤਾ ਜਾਂਦਾ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇ ਅਤੇ ਨਵੇਂ ਸਕੂਲ ਸੇਫਟੀ ਸਰਟੀਫਿਕੇਟ ਲਈ ਕੇਸ ਅਪਲਾਈ ਕੀਤਾ ਜਾਵੇ।
7. ਜੇਕਰ ਉਪਰੋਕਤ ਦਿੱਤੀਆਂ ਹਦਾਇਤਾਂ/ਕੰਡੀਸ਼ਨਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰਬਰ- ਮਿਤੀ-...../12/2021

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 2, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਨੂੰ ਉਨਾਂ ਦੇ ਪੱਤਰ ਨੰ- 534 ਮਿਤੀ- 02.12.2021 ਦੇ ਹਵਾਲੇ ਵਿਚ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।